

ਕਾਬੂ ਕੀਤਾ ਮੁਲਜ਼ਮ ਅਤੇ ਮਾਮਲੇ ਬਾਰੇ ਜਾਣਕਾਰੀ ਦੇ ਰਹੇ ਜ਼ਿਲ੍ਹਾ ਪੁਲਿਸ ਮੁਖੀ ਵਿਵੇਕਸ਼ੀਲ ਸੋਨੀ ਅਤੇ ਹੋਰ ਪੁਲਿਸ ਅਧਿਕਾਰੀ।

# ਅਮਰੀਕਾ ਰਹਿੰਦੇ ਗੈਂਗਸਟਰ ਦਾ ਭਗੌੜਾ ਸਾਥੀ ਵਿਦੇਸ਼ੀ ਹਥਿਆਰਾਂ ਨਾਲ ਗ੍ਰਿਫ਼ਤਾਰ

## • 4 ਪਿਸਤੌਲ ਅਤੇ 34 ਜ਼ਿੰਦਾ ਕਾਰਤੂਸ ਬਰਾਮਦ

ਰੂਪਨਗਰ, 3 ਦਸੰਬਰ (ਸਤਨਾਮ ਸਿੰਘ ਸੱਤੀ)-ਰੂਪਨਗਰ ਜ਼ਿਲ੍ਹਾ ਪੁਲਿਸ ਵਲੋਂ ਅਮਰੀਕਾ ਦੇ ਕੈਲੇਫੋਰਨੀਆ 'ਚ ਰਹਿੰਦੇ ਗੈਂਗਸਟਰ ਪਵਿੱਤਰ ਸਿੰਘ ਦਾ ਸਾਥੀ ਭਾਰਤ ਭੂਸ਼ਨ ਪੰਮੀ 4 ਪਿਸਤੌਲਾਂ ਤੇ 34 ਜਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਪਹਿਲਾਂ ਨਸ਼ਾ ਤਸਕਰੀ ਕਰਦਾ ਸੀ ਤੇ ਹੁਣ ਹਥਿਆਰ ਸਪਲਾਈ ਕਰ ਰਿਹਾ ਸੀ। ਐਸ.ਐਸ.ਪੀ. ਵਿਵੇਕ ਸ਼ੀਲ ਸੋਨੀ ਨੇ ਦੱਸਿਆ ਕਿ ਐਸ.ਪੀ.(ਡੀ) ਮਨਵਿੰਦਰਬੀਰ ਸਿੰਘ ਅਤੇ ਡੀ.ਐਸ.ਪੀ. (ਡੀ) ਤਲਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਇੰਸਪੈਕਟਰ ਇੰਚਾਰਜ ਸੀ.ਆਈ.ਏ. ਸਟਾਫ਼ ਸਤਨਾਮ ਸਿੰਘ ਦੀ ਟੀਮ ਨੇ ਭਾਰਤ ਭੂਸ਼ਨ ਪੰਮੀ ਵਾਸੀ ਵਾਰਡ ਨੰਬਰ 6 ਮੰਡੀ ਅਹਿਮਦਗੜ੍ਹ ਥਾਣਾ ਸਿਟੀ ਅਹਿਮਦਗੜ੍ਹ ਜ਼ਿਲ੍ਹਾ ਮਲੇਰਕੋਟਲਾ ਨੂੰ ਰੂਪਨਗਰ ਤੋਂ ਗ੍ਰਿਫ਼ਤਾਰ ਕੀਤਾ ਹੈ, ਜੋ ਦੋਸ਼ੀ ਭਗੌੜੇ ਗੈਂਗਸਟਰ ਪਵਿੱਤਰ ਸਿੰਘ ਵਾਸੀ ਪਿੰਡ ਚੌੜਾ ਜ਼ਿਲ੍ਹਾ ਗੁਰਦਾਸਪੁਰ, ਹਾਲ ਵਾਸੀ ਕੈਲੇਫੋਰਨੀਆ (ਅਮਰੀਕਾ) ਦਾ ਸਾਥੀ ਹੈ। ਐਸ.ਐਸ.ਪੀ. ਨੇ ਦੱਸਿਆ ਕਿ ਦੋਸ਼ੀ ਭਾਰਤ ਭੂਸ਼ਨ ਪੰਮੀ ਕੋਲੋਂ .32 ਬੋਰ ਦੇ 3 ਪਿਸਤੌਲ, 1 ਵਿਦੇਸ਼ੀ ਪਿਸਤੌਲ (ਕੋਲਟ ਗੌਰਮਿੰਟ 1911 ਏ ਵਨ, ਕੋਲ 9 ਐਮ.ਐਮ. ਪੀ.ਏ.ਕੇ) ਅਤੇ 34 ਜਿੰਦਾ ਕਾਰਤੂਸ ਬਰਾਮਦ ਕੀਤੇ ਹਨ। ਉਨ੍ਹਾਂ ਦੱਸਿਆ ਕਿ ਮੁਲਜ਼ਮ ਵਿਰੁੱਧ ਪਹਿਲਾਂ ਵੀ ਨਸ਼ਾ ਤਸਕਰੀ (ਐਨ.ਡੀ.ਪੀ.ਐਸ. ਐਕਟ) ਦੇ ਮਾਮਲੇ ਅਹਿਮਦਗੜ੍ਹ ਅਤੇ ਲੁਧਿਆਣਾ ਵਿਖੇ ਦਰਜ ਹਨ ਜਿਸ ਉਪਰੰਤ ਹੁਣ ਨਸ਼ਿਆਂ ਦੀ ਤਸਕਰੀ ਸਮੇਤ ਭਾਰਤ ਭੂਸ਼ਨ ਪੰਮੀ ਨੇ ਹਥਿਆਰਾਂ ਦੀ ਸਪਲਾਈ ਵੀ ਸ਼ੁਰੂ ਕਰ ਦਿੱਤੀ ਸੀ, ਜਿਸ ਤਹਿਤ ਉਹ ਇਕ ਹਥਿਆਰ ਰੂਪਨਗਰ 'ਚ ਸਪਲਾਈ ਕਰਨ ਦੇ ਮਨੋਰਥ ਨਾਲ ਘੁੰਮ ਰਿਹਾ ਸੀ, ਜਿਸ ਦੀ ਨਿਸ਼ਾਨਦੇਹੀ ਤੋਂ ਬਾਅਦ ਬਾਕੀ ਹਥਿਆਰ ਬਰਾਮਦ ਕੀਤੇ ਗਏ।

ਅਜੀਤ
04-Dec-2022
Page: 3
http://epaper.ajitjalandhar.com/edition/20221204/10/3.cm